**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 21-01-2025**

- ਵਿਧਾਨਕ ਸੰਸਥਾਵਾਂ ਦੇ ਸਭਾ ਪਤੀਆਂ ਦੀ ਸਰਬ ਭਾਰਤੀ ਕਾਨਫਰੰਸ (AIPOC) ਨੇ ਵਿਧਾਨਕ ਸੰਸਥਾਵਾਂ ਦੀ ਕਾਰਵਾਈ ਦੌਰਾਨ ਵਿਘਨ ਮੁਕਤ ਮਾਹੌਲ, ਗੁਣਾਤਮਕ ਬਹਿਸ ਅਤੇ ਚਰਚਾ ਨੂੰ ਯਕੀਨੀ ਬਣਾਉਣ ਦਾ ਅਹਿਦ ਲਿਆ ਏ।
- ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਲਕੇ ਬੇਟੀ ਬਚਾਓ ਬੇਟੀ ਪੜ੍ਹਾਓ (BBBP) ਯੋਜਨਾ ਦੀ 10ਵੀਂ ਵਰ੍ਹੇਗੰਢ ਮਨਾਏਗਾ।
- 25 ਜਨਵਰੀ ਨੂੰ 15ਵੇਂ ਰਾਸ਼ਟਰੀ ਵੋਟਰ ਦਿਵਸ ਮੌਕੇ, ਪੰਜਾਬ'ਚ ਰਾਜ ਪਧਰੀ ਸਮਾਗਮ ਲੁਧਿਆਣਾ ਵਿਖੇ ਹੋਏਗਾ.

- ਪੰਜਾਬ ਪੁਲਿਸ ਨੇ ਆਉਂਦੇ ਗਣਤੰਤਰ ਦਿਵਸ ਜਸ਼ਨਾਂ ਦੇ ਮੱਦੇਨਜ਼ਰ ਸੂਬੇ ਭਰ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਤੇਜ਼ ਕਰ ਦਿੱਤਾ ਏ.
- ਕੁਆਲਾਲੰਪੁਰ ਵਿੱਚ, ICC ਅੰਡਰ-19 ਮਹਿਲਾ ਕ੍ਰਿਕਟ TWENTY-20 ਵਿਸ਼ਵ ਕੱਪ ਵਿੱਚ, ਭਾਰਤ ਨੇ ਮੇਜ਼ਬਾਨ ਮਲੇਸ਼ੀਆ ਨੂੰ 10 ਵਿਕਟਾਂ ਨਾਲ ਹਰਾ ਕੇ ਸ਼ਾਨਦਾਰ ਜਿੱਤ ਦਰਜ ਕੀਤੀ ਏ।

-----------------------------------------------------------------------

ਵਿਧਾਨਕ ਸੰਸਥਾਵਾਂ ਦੇ ਸਭਾਪਤੀਆਂ ਦੀ ਸਰਬ ਭਾਰਤੀ ਕਾਨਫਰੰਸ (AIPOC) ਨੇ ਵਿਧਾਨਕ ਸੰਸਥਾਵਾਂ ਦੀ ਕਾਰਵਾਈ ਦੌਰਾਨ ਵਿਘਨ ਮੁਕਤ ਮਾਹੌਲ, ਗੁਣਾਤਮਕ ਬਹਿਸ ਅਤੇ ਚਰਚਾ ਨੂੰ ਯਕੀਨੀ ਬਣਾਉਣ ਦਾ ਅਹਿਦ ਲਿਆ ਏ । ਵਿਧਾਨ ਸਭਾਵਾਂ ਅਤੇ ਸੰਸਦ ਦੇ ਸਰ੍ਬੁਚ ਸੰਗਠਨ ਨੇ ਪਟਨਾ ਵਿੱਚ AIPOC ਦੀ 85ਵੀਂ ਕਾਨਫਰੰਸ ਦੇ ਸਮਾਪਤੀ ਵਾਲੇ ਦਿਨ ਪੰਜ ਮਤੇ ਪਾਸ ਕੀਤੇ। ਮੀਡੀਆ ਨਾਲ ਗੱਲਬਾਤ ਕਰਦਿਆਂ, ਲੋਕ ਸਭਾ ਦੇ ਸਪੀਕਰ ਅਤੇ AIPOC ਦੇ ਕਾਰਜਕਾਰੀ ਚੇਅਰਮੈਨ, ਓਮ

ਬਿਰਲਾ ਨੇ ਕਿਹਾ ਕਿ ਮੈਂਬਰਾਂ ਨੇ, ਸੰਵਿਧਾਨ ਦੀ 75ਵੀਂ ਵਰ੍ਹੇਗੰਢ ਮੌਕੇ ਸਮਾਜ ਦੇ ਵੱਖ-ਵੱਖ ਵਰਗਾਂ ਤੱਕ ਪਹੁੰਚ ਕਰਨ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਨੂੰ ਫੈਲਾਉਣ ਦਾ ਫੈਸਲਾ ਕੀਤਾ ਏ।  ਸ੍ਰੀ ਬਿਰਲਾ ਨੇ ਕਿਹਾ ਕਿ ਵਿਧਾਨਕ ਸੰਸਥਾਵਾਂ ਦੇ ਮੈਂਬਰ ਪੰਚਾਇਤੀ ਰਾਜ ਸੰਸਥਾਵਾਂ, ਸ਼ਹਿਰੀ ਸਥਾਨਕ ਸੰਸਥਾਵਾਂ, ਸਹਿਕਾਰੀ ਸੰਸਥਾਵਾਂ, ਤੇ ਵਿਦਿਅਕ ਸੰਸਥਾਵਾਂ ਵਿੱਚ ਸੰਵਿਧਾਨਕ ਕਦਰਾਂ-ਕੀਮਤਾਂ ਪੈਦਾ ਕਰਨ ਲਈ ਪਹੁੰਚ ਕਰਨਗੇ। ਸਪੀਕਰ ਨੇ ਇਹ ਵੀ ਕਿਹਾ ਕਿ ਪੰਜਵੇਂ ਸੰਕਲਪ ਤਹਿਤ AIPOC ਨੇ ਸਮਰੱਥਾ ਨਿਰਮਾਣ ਅਤੇ ਬਿਹਤਰ ਸੇਵਾ ਲਈ ਡਿਜੀਟਲ ਤ੍ਕਨੋਲ੍ਜੀ ਸਮੇਤ AI ਨੂੰ ਅਪਣਾਉਣ ਦਾ ਅਹਿਦ ਲਿਆ ਏ। ਇਸ ਦੋ ਰੋਜ਼ਾ ਕਾਨਫਰੰਸ ਵਿੱਚ 23 ਵਿਧਾਨ ਸਭਾ ਸੰਸਥਾਵਾਂ ਦੇ 41 ਸਭਾ ਪਤੀਆਂ ਨੇ ਹਿੱਸਾ ਲਿਆ.

---------------------------------------------------

ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਲਕੇ ਬੇਟੀ ਬਚਾਓ ਬੇਟੀ ਪੜ੍ਹਾਓ (BBBP) ਯੋਜਨਾ ਦੀ 10ਵੀਂ ਵਰ੍ਹੇਗੰਢ ਮਨਾ ਰਿਹਾ ਏ। ਇਹ ਭਾਰਤ ਵਿੱਚ ਬੱਚੀਆਂ ਦੀ ਸੁਰੱਖਿਆ, ਸਿੱਖਿਆ ਅਤੇ

ਸ਼ਕਤੀਕਰਨ ਲਈ ਇੱਕ ਦਹਾਕੇ ਦੇ ਅਣਥੱਕ ਯਤਨਾਂ ਨੂੰ ਦਰਸਾਉਂਦਾ ਏ। ਇਹ ਮੀਲ ਪੱਥਰ ਭਾਰਤ ਦੇ ਵਿਕਾਸ, ਭਾਰਤ 2047 ਦੇ ਦ੍ਰਿਸ਼ਟੀਕੋਣ ਅਤੇ ਮਹਿਲਾ ਵਿਕਾਸ ਤੋਂ ਮਹਿਲਾਵਾਂ ਦੀ -ਅਗਵਾਈ ਵਾਲੇ ਵਿਕਾਸ ਵੱਲ ਵਿਸ਼ਵਵਿਆਪੀ ਤਬਦੀਲੀ ਨਾਲ ਮੇਲ ਖਾਂਦਾ ਏ। ਇਸ ਵਰੇਗੰਢ ਦਾ ਉਦਘਾਟਨੀ ਸਮਾਗਮ ਕੱਲ੍ਹ ਵਿਗਿਆਨ ਭਵਨ, ਨਵੀਂ ਦਿੱਲੀ ਵਿਖੇ ਹੋਵੇਗਾ ਜਿਸ ਵਿੱਚ ਸਿਹਤ ਅਤੇ ਪਰਿਵਾਰ ਭਲਾਈ ਮਾਮਲਿਆਂ ਬਾਰੇ ਕੇਂਦਰੀ ਮੰਤਰੀ, ਸ਼੍ਰੀ ਜੇ. ਪੀ. ਨੱਡਾ,ਸ਼ਾਮਲ ਹੋਣਗੇ। ਇਹ ਪ੍ਰੋਗਰਾਮ 8 ਮਾਰਚ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਸਮਾਪਤ ਹੋਣਗੇ । ਇਸ ਸਮਾਗਮ ਵਿੱਚ ਮਿਸ਼ਨ VATSALYA ਅਤੇ ਮਿਸ਼ਨ ਸ਼ਕਤੀ ਪੋਰਟਲ ਦੀ ਸ਼ੁਰੂਆਤ ਵੀ ਕੀਤੀ ਜਾਵੇਗੀ। ਇਸ ਸਮਾਗਮ ਵਿੱਚ ਹਥਿਆਰਬੰਦ ਫੌਜਾਂ, ਨੀਮ ਫੌਜੀ ਬਲਾਂ ਅਤੇ ਦਿੱਲੀ ਪੁਲਿਸ ਦੀਆਂ ਮਹਿਲਾ ਅਧਿਕਾਰੀਆਂ ਦੀ ਹਿੱਸੇਦਾਰੀ ਦੇਖਣ ਨੂੰ ਮਿਲੇਗੀ। ਇਸ ਤੋਂ ਇਲਾਵਾ, ਕੇਂਦਰੀ ਮੰਤਰਾਲਿਆਂ ਦੀਆਂ ਉੱਚ ਪੱਧਰੀ ਮਹਿਲਾ-ਅਧਿਕਾਰੀ ਵੀ ਇਸ ਸਮਾਗਮ ਵਿੱਚ ਸ਼ਾਮਲ ਹੋਣਗੀਆਂ। ਨਾਲ ਹੀ ਮੇਰਾ ਭਾਰਤ ਵਲੰਟੀਅਰ ਦੀਆਂ ਵਿਦਿਆਰਥਣਾਂ, ਆਂਗਣਵਾੜੀ

ਸੁਪਰਵਾਈਜ਼ਰ, ਮੁਲਾਜ਼ਮ ਅਤੇ ਰਾਜ ਅਤੇ ਜ਼ਿਲ੍ਹੇ ਦੇ ਪ੍ਰਤੀਨਿਧੀਆਂ ਨੂੰ ਇਸ ਸਮਾਗਮ ਵਿੱਚ ਹਿੱਸਾ ਲੈਣ ਲਈ ਸੱਦਾ ਦਿੱਤਾ ਗਿਆ ਏ । ਰਾਜ ਅਤੇ ਜ਼ਿਲ੍ਹਾ ਪੱਧਰ 'ਤੇ ਵੀ ਇਸੇ ਤਰ੍ਹਾਂ ਦੇ ਸਮਾਗਮ ਕਰਾਏ ਜਾਣਗੇ। ਇਸ ਸੰਬੰਧ'ਚ ਜਲੰਧਰ ਵਿਚ ਵੀ ਰੇਡ ਕ੍ਰਾਸ ਭਵਨ ਵਿਖੇ 23 ਜਨਵਰੀ ਨੂੰ ਮਹਿਲਾਵਾਂ ਲਈ ਇਕ ਵਿਸ਼ੇਸ਼ ਸਿਹਤ ਜਾਂਚ ਕੈਂਪ ਲਾਇਆ ਜਾਏਗਾ। ਇਸ ਦੌਰਾਨ 101 ਧੀਆਂ ਦੀ ਲੋਹੜੀ ਵੀ ਮਨਾਈ ਜਾਵੇਗੀ। ਇਸੇ ਸੰਬੰਧ 'ਚ ਗੁਰਦਾਸਪੁਰ ਵੱਲੋਂ ਵੀ ਬੇਟੀ – ਬਚਾਓ – ਬੇਟੀ ਪੜ੍ਹਾਓ ਯੋਜਨਾ ਤਹਿਤ ਜਾਗਰੂਕਤਾ ਲਈ ਇੱਕ ਵਿਸ਼ੇਸ਼ ਸਮਾਗਮ ਕਰਾਇਆ ਗਿਆ ਤੇ ਮਹਿਲਾਵਾਂ ਦੀ ਸਿਹਤ ਜਾਂਚ ਕਰਾਈ ਗਈ.

ਭਾਰਤ ਵਿੱਚ ਲਿੰਗ ਅਸੰਤੁਲਨ ਅਤੇ ਘਟਦੇ, ਬਾਲ ਲਿੰਗ ਅਨੁਪਾਤ ਦੇ ਖੱਪੇ ਨੂੰ ਭਰਨ ਲਈ ਸ਼ੁਰੂ ਕੀਤੀ ਗਈ, ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਦੀ ਸ਼ੁਰੂਆਤ, ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਵੱਲੋਂ ਹਰਿਆਣਾ ਦੇ ਪਾਣੀਪਤ ਤੋਂ 22 ਜਨਵਰੀ 2015 ਨੂੰ ਕੀਤੀ ਗਈ ਸੀ।

---------------------------------------------------------

ਸਰਕਾਰ ਨੇ ਕਿਹਾ ਏ ਕਿ, ਦੇਸ਼ ਭਰ ਵਿੱਚ ਚਾਰ ਕਰੋੜ ਤੋਂ

ਵੱਧ Sukanya Samriddhi ਖਾਤੇ ਖੋਲ੍ਹੇ ਗਏ ਨੇ । ਇਹ ਸਕੀਮ 22 ਜਨਵਰੀ 2015 ਨੂੰ ਬੇਟੀ ਬਚਾਓ ਬੇਟੀ ਪੜ੍ਹਾਓ ਤਹਿਤ ਸ਼ੁਰੂ ਕੀਤੀ ਗਈ ਸੀ। ਇਸ ਯੋਜਨਾ ਅਨੁਸਾਰ, ਮਾਤਾ-ਪਿਤਾ 250 ਰੁਪਏ ਦੀ ਜਮ੍ਹਾਂ ਰਕਮ ਨਾਲ ਕਿਸੇ ਨਾਮਜ਼ਦ ਕਮਰਸ਼ੀਅਲ ਬੈਂਕ ਸ਼ਾਖਾ ਜਾਂ ਡਾਕਖਾਨੇ ਵਿੱਚ ਬੱਚੀ ਦੇ ਨਾਂ'ਤੇ ਸੁਕੰਨਿਆ ਸਮ੍ਰਿਧੀ ਖਾਤਾ ਖੋਲ੍ਹ ਸਕਦੇ ਨੇ। ਖਜ਼ਾਨਾ ਮੰਤਰਾਲੇ ਅਨੁਸਾਰ, ਇਸ ਸਮੇਂ ਇਸ ਯੋਜਨਾ 'ਤੇ 8.2 ਫੀਸਦੀ ਦੀ ਦਰ ਨਾਲ ਵਿਆਜ ਦਿੱਤਾ ਜਾ ਰਿਹਾ ਏ।

------------------------------------------------------

ਪੰਜਾਬ ਵਿਚ 15 ਵੇਂ ਰਾਸ਼ਟਰੀ ਵੋਟਰ ਦਿਵਸ ਮੌਕੇ ਰਾਜ ਪਧਰੀ ਸਮਾਰੋਹ ਸ਼ਨੀਚਰਵਾਰ, 25 ਜਨਵਰੀ ਨੂੰ ਲੁਧਿਆਣਾ ਵਿੱਚ, ਕੁੜੀਆਂ ਦੇ ਸਰਕਾਰੀ ਕਾਲਜ ਵਿਖੇ ਹੋਵੇਗਾ। ਸਮਾਰੋਹ 'ਚ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ, ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਜ਼ਿਲ੍ਹਾ ਚੋਣ ਅਧਿਕਾਰੀ-ਤੇ-ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਸਮਾਰੋਹ ਦੀਆਂ ਤਿਆਰੀਆਂ ਦੀ ਸਮੀਖਿਆ ਦੌਰਾਨ, ਅਧਿਕਾਰੀਆਂ ਨੂੰ ਸਾਰੇ ਪ੍ਰਬੰਧ ਪੂਰੀ ਤਰ੍ਹਾਂ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਨੇ।

ਉਨ੍ਹਾਂ ਦੱਸਿਆ ਕਿ, ਸ਼ੁੱਕਰਵਾਰ ਨੂੰ ਇੱਕ ਆਫਲਾਈਨ ਕੁਇਜ਼ ਮੁਕਾਬਲਾ ਕਰਵਾਇਆ ਜਾਏਗਾ ਅਤੇ ਜੇਤੂਆਂ ਨੂੰ ਮੁੱਖ ਚੋਣ ਅਧਿਕਾਰੀ, ਸਿਬਿਨ ਸੀ ਵਲੋਂ ਸਨਮਾਨਿਤ ਕੀਤਾ ਜਾਵੇਗਾ। ਲੋਕਾਂ ਵਿੱਚ ਵੋਟ ਦੇ ਅਧਿਕਾਰ ਬਾਰੇ ਜਾਗਰੂਕਤਾ ਫੈਲਾਉਣ ਲਈ, ਇੱਕ ਸਾਈਕਲ ਰੈਲੀ ਵੀ ਕੱਢੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਇਸ ਦਿਨ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ, ਵੋਟਿੰਗ ਸਾਡੇ ਸੰਵਿਧਾਨ ਵਲੋਂ ਲੋਕਰਾਜ ਦੀ ਰੱਖਿਆ ਲਈ ਦਿੱਤੇ ਗਏ ਸਭ ਤੋਂ ਮਹੱਤਵਪੂਰਨ ਸਾਧਨਾਂ ਵਿੱਚੋਂ ਇੱਕ ਏ- BYTE ਉਨ੍ਹਾਂ ਨੌਜਵਾਨਾਂ ਨੂੰ ਲੋਕਰਾਜ ਨੂੰ ਮਜ਼ਬੂਤ ਕਰਨ ਲਈ, ਚੋਣਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਬੈਂਸ, ਰੋਹਿਤ ਗੁਪਤਾ, ਕੁਲਪ੍ਰੀਤ ਸਿੰਘ, ਸਹਾਇਕ ਕਮਿਸ਼ਨਰ ਕ੍ਰਿਤਿਕਾ ਗੋਇਲ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

----------------------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਡ ਸਟੇਡੀਅਮ ਵਿਖੇ 26 ਜਨਵਰੀ ਨੂੰ

ਰਾਜ ਪੱਧਰੀ ਗਣਤੰਤਰ ਦਿਵਸ ਸਮਾਰੋਹ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਇੱਕ ਵਿਸਥਾਰ ਪੂਰਨ ਸਮੀਖਿਆ ਮੀਟਿੰਗ ਕੀਤੀ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ 26 ਜਨਵਰੀ ਨੂੰ ਇੱਥੇ ਰਾਸ਼ਟਰੀ ਝੰਡਾ ਲਹਿਰਾਉਣਗੇ। 26 ਜਨਵਰੀ ਨੂੰ, ਭਾਰਤੀ ਫੌਜ ਹਥਿਆਰਾਂ ਅਤੇ ਟੈਂਕਾਂ ਦਾ ਵਿਖਾਲਾ ਕਰੇਗੀ, ਇਸ ਤੋਂ ਇਲਾਵਾ ਫੌਜੀ ਜਵਾਨ ਇੱਕ ਪੁਰਾਤਨ ਯੁਧ ਕਲਾ, ਕਲਾਰੀਪਯੱਟੂ ਦਾ ਵਿਖਾਲਾ ਕਰਨਗੇ ਅਤੇ ਆਰਮੀ ਪਬਲਿਕ ਸਕੂਲ ਦੀਆਂ 69 ਵਿਦਿਆਰਥਣਾਂ ਸੱਭਿਆਚਾਰਕ ਵੰਨਗੀਆਂ ਪੇਸ਼ ਕਰਨਗੀਆਂ। ਗਣਤੰਤਰ ਦਿਵਸ ਸਮਾਗਮ ਦੌਰਾਨ ਵੱਖ-ਵੱਖ ਵਿਭਾਗਾਂ ਦੀਆਂ 20 ਝਾਕੀਆਂ ਵੀ ਆਪਣੇ ਪ੍ਰੋਗਰਾਮਾਂ ਅਤੇ ਨੀਤੀਆਂ ਦਾ ਵਿਖਾਲਾ ਕਰਨਗੀਆਂ। ਵੱਖ-ਵੱਖ ਸਕੂਲਾਂ ਦੇ ਲਗਭਗ 2 ਹਜ਼ਾਰ ਵਿਦਿਆਰਥੀ ਵੱਖ-ਵੱਖ ਸੱਭਿਆਚਾਰਕ ਅਤੇ ਪੀ.ਟੀ. ਸ਼ੋਅ ਵਿੱਚ ਵੀ ਹਿੱਸਾ ਲੈਣਗੇ। ਇਸ ਸਮਾਗਮ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ, ਸ਼੍ਰੀ ਜੋਰਵਾਲ ਨੇ ਕਿਹਾ ਕਿ ਗਣਤੰਤਰ ਦਿਵਸ ਦੇ ਜਸ਼ਨਾਂ ਦਾ ਇੱਕ ਰਾਜ ਪੱਧਰੀ ਸਮਾਗਮ ਹੋਣ

ਕਰਕੇ, ਜ਼ਿਲ੍ਹਾ ਪ੍ਰਸ਼ਾਸਨ ਇਸਨੂੰ ਪੂਰੇ ਦੇਸ਼ ਭਗਤੀ ਦੇ ਜੋਸ਼ ਅਤੇ ਉਤਸ਼ਾਹ ਨਾਲ ਮਨਾਏਗਾ।

---------------------------------------------------

ਪੰਜਾਬ ਪੁਲਿਸ ਨੇ ਆਉਂਦੇ ਗਣਤੰਤਰ ਦਿਵਸ ਜਸ਼ਨਾਂ ਦੇ ਮੱਦੇਨਜ਼ਰ ਸੂਬੇ ਭਰ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਤੇਜ਼ ਕਰ ਦਿੱਤਾ ਏ ਅਤੇ ਰਾਤ ਦੇ ਸਮੇਂ ਇਲਾਕੇ'ਚ ਦਬਦਬਾ ਬਣਾਉਣ ਦੀ ਮੁਹਿੰਮ ਤੇਜ਼ ਕਰ ਦਿੱਤੀ ਏ । ਬਾਰਡਰ ਰੇਂਜ ਅੰਮ੍ਰਿਤਸਰ ਅਤੇ ਗੁਰਦਾਸਪੁਰ ਤੋਂ ਇਲਾਵਾ ਜਲੰਧਰ ਅਤੇ ਲੁਧਿਆਣਾ ਪੁਲਿਸ ਰੇਂਜਾਂ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਨਾਲ ਅਮਨ – ਕਨੂੰਨ ਦੀ ਸਥਿਤੀ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਰਾਜ ਪੁਲਿਸ ਮੁਖੀ ਗੌਰਵ ਯਾਦਵ ਨੇ ਉਨ੍ਹਾਂ ਨੂੰ ਗਣਤੰਤਰ ਦਿਵਸ ਤੋਂ ਪਹਿਲਾਂ ਸਾਰੀਆਂ ਅਹਿਮ ਰਣਨੀਤਕ ਥਾਵਾਂ 'ਤੇ ਪੁਲਿਸ ਦੀ ਮੌਜੂਦਗੀ ਨੂੰ ਯਕੀਨੀ ਬਣਾ ਕੇ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਅਤੇ ਜਾਸੂਸੀ ਤੇ ਹੋਰ ਰੋਕਥਾਮ ਉਪਾਅ ਕਰਨ ਲਈ ਕਿਹਾ । ਸ੍ਰੀ ਯਾਦਵ ਨੇ ਪੁਲਿਸ ਅਧਿਕਾਰੀਆਂ ਨੂੰ ਲੁੱਕ ਆਉਟ ਸਰਕੂਲਰ, ਰੈੱਡ ਕਾਰਨਰ ਨੋਟਿਸ, ਓਪਨ ਅਰੇਸਟ ਵਾਰੰਟ, ਬਲੂ ਕਾਰਨਰ ਨੋਟਿਸ ਅਤੇ ਹਵਾਲਗੀ

ਤਜਵੀਜ਼ਾਂ ਜਾਰੀ ਕਰਕੇ ਵਿਦੇਸ਼ਾਂ ਤੋਂ ਲੋੜੀਂਦੇ ਅਪਰਾਧੀਆਂ ਨੂੰ ਵਾਪਸ ਲਿਆਉਣ ਅਤੇ ਓਹਨਾ 'ਤੇ ਕਾਨੂਨੀ ਕਾਰਵਾਈ ਕਰਨ ‘ਤੇ ਧਿਆਨ ਦੇਣ ਲਈ ਕਿਹਾ।

----------------------------------------------------

ਪੰਜਾਬ ਦੇ ਸਕੂਲ ਅਤੇ ਉਚੇਰੀ ਸਿੱਖਿਆ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੂਬੇ ਦੇ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਵਿਸ਼ਵ ਪੱਧ ਰੀ ਬਣਾਉਣ ਦੀ ਦਿਸ਼ਾ ਵਿੱਚ ਇੱਕ ਹੋਰ ਠੋਸ ਕਦਮ ਚੁੱਕਦਿਆਂ, ਪੰਜਾਬ ਸ ਕੂਲ ਸਿੱਖਿਆ ਵਿਭਾਗ ਵੱਲੋਂ ਅੱਜ ਯੂਨੀਵਰਸਿਟੀ ਆਫ਼ ਤੁਰਕੂ, ਫਿਨਲੈਂਡ ਦੇ ਮਾਹਿਰਾਂ ਨਾਲ, ਇੱਕ ਰੋਜ਼ਾ ਸਿਖਲਾਈ ਅਤੇ ਵਿਚਾਰਵਟਾਂਦਰਾ ਪ੍ਰੋਗਰਾ ਮ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਸੂਬੇ ਦੇ ਵੱਖਵਖ ਸਰਕਾਰੀ ਪ੍ਰਾਇਮਰੀ ਸਕੂਲਾਂ ਦੇ 296 ਅਧਿਆਪਕਾਂ ਨੇ ਹਿੱਸਾ ਲਿਆ।ਸਕੂਲ ਸਿੱਖਿ ਆ ਮੰਤਰੀ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਉਦੇਸ਼ ਅਧਿਆਪਕਾਂ ਨੂੰ ਪ੍ਰ ਭਾਵਸ਼ਾਲੀ ਪ੍ਰਾਇਮਰੀ ਸਕੂਲ ਅਧਿਆਪਨ ਤਕਨੀਕਾਂ ਨਾਲ ਲੈਸ ਕਰਨਾ ਏ ਉਹਨਾਂ ਦੱਸਿਆ ਕਿ ਇਹ ਪਹਿਲ, ਟ੍ਰੇਨਰਾਂ ਨੂੰ ਸੂਬੇ ਦੇ ਪ੍ਰਾਇਮਰੀ ਸਕੂ ਲਾਂ ਵਿੱਚ ਸਿੱਖਿਆ ਪ੍ਰਣਾਲੀ ਨੂੰ ਹਤਰ ਢੰਗ ਨਾਲ ਸਮਝਣ ਦੇ ਯੋਗ ਬਣਾਏ

ਗੀ।ਕੌਮਾਂਤਰੀ ਮਾਹਿਰਾਂ ਦੇ ਸਮੂਹ ਦਾ ਨਿੱਘਾ ਸਵਾਗਤ ਕਰਦਿਆਂ, ਸਕੂਲ ਸਿੱਖਿਆ ਵਿਭਾਗ ਦੇ ਸਕੱਤਰ ਕਮਲ ਕਿਸ਼ੋਰ ਯਾਦਵ ਨੇ ਇਸ ਸਿਖਲਾਈ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਾਸਤੇ ਟ੍ਰੇਨਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਇਹ ਪ੍ਰੋਗਰਾਮ, ਪ੍ਰਾਇਮਰੀ ਸਕੂਲ ਦੇ ਅਧਿਆਪਕਾਂ ਨੂੰ ਉਨ੍ਹਾਂ ਤਕਨੀਕਾਂ ਨੂੰ ਅਪਣਾਉਣ ਵਿੱਚ ਮਦਦ ਕਰੇਗਾ ਜੋ ਵਿਦਿਆਰਥੀਆਂ ਲਈ ਸਿੱਖਣ ਪ੍ਰਕਿਰਿਆ ਨੂੰ ਰੁਮਾਂਚਕ ਅਤੇ ਤਣਾਅ-ਮੁਕਤ ਬਣਾਉਣ ਦੇ ਨਾਲ-ਨਾਲ ਉਨ੍ਹਾਂ ਦੇ ਸਮੁੱਚੇ ਵਿਕਾਸ ਵਿੱਚ ਯੋਗਦਾਨ ਪਾਉਣਗੀਆਂ।

------------------------------------------------------------

ਮੌਸਮ ਵਿਭਾਗ ਨੇ ਪੰਜਾਬ ਤੇ ਹਰਿਆਣਾ'ਚ ਕਲ੍ਹ ਤੇ ਪਰਸੋਂ ਹਲਕੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ। ਇਸ ਬਾਰੇ ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸ਼੍ਰੀ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ –BYTE

------------------------------------------------------------

ਕੁਆਲਾਲੰਪੁਰ ਵਿੱਚ, ICC ਅੰਡਰ-19 ਮਹਿਲਾ ਕ੍ਰਿਕਟ TWENTY-20 ਵਿਸ਼ਵ ਕੱਪ ਵਿੱਚ, ਭਾਰਤ ਨੇ ਮੇਜ਼ਬਾਨ ਮਲੇਸ਼ੀਆ ਨੂੰ 10 ਵਿਕਟਾਂ

ਨਾਲ ਹਰਾ ਕੇ ਸ਼ਾਨਦਾਰ ਜਿੱਤ ਦਰਜ ਕੀਤੀ ਏ। ਪਹਿਲਾਂ ਬੱਲੇਬਾਜ਼ੀ ਕਰਦਿਆਂ, ਮਲੇਸ਼ੀਆ ਦੀ ਟੀਮ ਸਿਰਫ਼ 14.3 ਓਵਰਾਂ 'ਚ 31 ਦੌੜਾਂ ਬਣਾ ਕੇ ਆਊਟ ਹੋ ਗਈ। ਭਾਰਤ ਨੇ 32 ਦੌੜਾਂ ਦਾ ਟੀਚਾ, 2.5 ਓਵਰਾਂ ਵਿੱਚ ਹੀ ਹਾਸਲ ਕਰ ਲਿਆ। ਭਾਰਤ ਦੀ ਵੈਸ਼ਨਵੀ ਸ਼ਰਮਾ ਨੇ 5 ਅਤੇ ਆਯੂਸ਼ੀ ਸ਼ੁਕਲਾ ਨੇ 3 ਵਿਕਟਾਂ ਲਈਆਂ। ਇਸ ਤੋਂ ਪਹਿਲਾਂ, ਭਾਰਤ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ।

-----------------------------------------------------------

- ਵਿਧਾਨਕ ਸੰਸਥਾਵਾਂ ਦੇ ਸਭਾ ਪਤੀਆਂ ਦੀ ਸਰਬ ਭਾਰਤੀ ਕਾਨਫਰੰਸ (AIPOC) ਨੇ ਵਿਧਾਨਕ ਸੰਸਥਾਵਾਂ ਦੀ ਕਾਰਵਾਈ ਦੌਰਾਨ ਵਿਘਨ ਮੁਕਤ ਮਾਹੌਲ, ਗੁਣਾਤਮਕ ਬਹਿਸ ਅਤੇ ਚਰਚਾ ਨੂੰ ਯਕੀਨੀ ਬਣਾਉਣ ਦਾ ਅਹਿਦ ਲਿਆ ਏ।
- ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਲਕੇ ਬੇਟੀ ਬਚਾਓ ਬੇਟੀ ਪੜ੍ਹਾਓ (BBBP) ਯੋਜਨਾ ਦੀ 10ਵੀਂ ਵਰ੍ਹੇਗੰਢ ਮਨਾਏਗਾ।

- 25 ਜਨਵਰੀ ਨੂੰ 15ਵੇਂ ਰਾਸ਼ਟਰੀ ਵੋਟਰ ਦਿਵਸ ਮੌਕੇ, ਪੰਜਾਬ'ਚ ਰਾਜ ਪਧਰੀ ਸਮਾਗਮ ਲੁਧਿਆਣਾ ਵਿਖੇ ਹੋਏਗਾ.
- ਪੰਜਾਬ ਪੁਲਿਸ ਨੇ ਆਉਂਦੇ ਗਣਤੰਤਰ ਦਿਵਸ ਜਸ਼ਨਾਂ ਦੇ ਮੱਦੇਨਜ਼ਰ ਸੂਬੇ ਭਰ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਤੇਜ਼ ਕਰ ਦਿੱਤਾ ਏ.
- ਕੁਆਲਾਲੰਪੁਰ ਵਿੱਚ, ICC ਅੰਡਰ-19 ਮਹਿਲਾ ਕ੍ਰਿਕਟ TWENTY-20 ਵਿਸ਼ਵ ਕੱਪ ਵਿੱਚ, ਭਾਰਤ ਨੇ ਮੇਜ਼ਬਾਨ ਮਲੇਸ਼ੀਆ ਨੂੰ 10 ਵਿਕਟਾਂ ਨਾਲ ਹਰਾ ਕੇ ਸ਼ਾਨਦਾਰ ਜਿੱਤ ਦਰਜ ਕੀਤੀ ਏ।